# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 18-09-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ</u>**

- ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਆਮਦਨ ਟੈਕਸ ਕਾਨੂੰਨ ਅਤੇ ਵਸਤੂ ਤੇ ਸੇਵਾ ਟੈਕਸ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਗਏ ਨੇ.
- PMO'ਚ ਕੇਂਦਰੀ ਰਾਜ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਕਿਹੈ ਕਿ ਉਝ ਦਰਿਆ ਬਹੁ-ਮੰਤਵੀ ਪ੍ਰੋਜੈਕਟ ਦੀ ਮੁੜ ਸੁਰਜੀਤੀ ਪੰਜਾਬ ਤੇ ਜੰਮੂ-ਕਸ਼ਮੀਰ ਲਈ ਲਾਭਦਾਇਕ ਹੋਏਗੀ।
- ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਤੋਂ 50 ਫੋਗਿੰਗ ਮਸ਼ੀਨਾਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਲਈ ਰਵਾਨਾ ਕੀਤਾ।
- ਪੰਜਾਬ ਸਰਕਾਰ ਨੇ ਇੱਕ ਨੋਟੀਫਿਕੇਸ਼ਨ'ਚ ਕਿਹਾ ਏ ਕਿ ਹੜ੍ਹਾਂ ਕਾਰਨ ਖੇਤਾਂ ਵਿੱਚ ਆਏ ਗਾਰ ਤੇ ਰੇਤ ਨੂੰ ਕਿਸਾਨ, 'ਜਿਸਦਾ ਖੇਤ, ਉਸ ਦੀ ਰੇਤ' ਤਹਿਤ ਹਟਾ ਸਕਦੇ ਨੇ।

- BSF ਅਤੇ ਪੰਜਾਬ ਪੁਲਿਸ ਦੀ ਨਸ਼ੀਲੇ ਪਦਾਰਥਾਂ ਵਿਰੋਧੀ ਟਾਸਕ ਫੋਰਸ ਨੇ ਸਾਂਝੇ ਆਪ੍ਰੇਸ਼ਨ ਵਿੱਚ, ਇਸ ਸਾਲ ਦੌਰਾਨ ਪੰਜਾਬ ਵਿੱਚ ਨਸ਼ੀ

## ਹੁਣ ਖਬਰਾਂ ਵਿਸਥਾਰ ਨਾਲ....

ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਆਮਦਨ ਟੈਕਸ ਕਾਨੂੰਨ ਅਤੇ ਵਸਤੂ ਤੇ ਸੇਵਾ ਟੈਕਸ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਗਏ ਨੇ. ਨਵੀਂ ਦਿੱਲੀ ਵਿੱਚ PAFI ਸਾਲਾਨਾ ਫੋਰਮ 2025 ਨੂੰ ਸੰਬੋਧਨ ਕਰਦਿਆਂ, ਸ੍ਰੀ ਵੈਸ਼ਨਵ ਨੇ ਕਿਹਾ ਕਿ GST ਦਾ ਢਾਂਚਾ ਇਸ ਤਰ੍ਹਾਂ ਤਿਆਰ ਕੀਤਾ ਗਿਆ ਏ, ਕਿ ਇਹ ਰੋਜ਼ਾਨਾ ਦੀਆਂ ਘਰੇਲੂ ਵਸਤਾਂ ਅਤੇ ਖੇਤੀਬਾੜੀ ਉਤਪਾਦਾਂ ਨੂੰ ਵਧੇਰੇ ਕਿਫਾਇਤੀ ਬਣਾ ਦੇਵੇਗਾ। ਉਨ੍ਹਾਂ ਕਿਹਾ, ਜਦੋਂ ਵਸਤਾਂ ਦੀਆਂ ਕੀਮਤਾਂ ਘੱਟ ਹੋਣਗੀਆਂ ਤਾਂ ਮੰਗ ਨੂੰ ਇੱਕ ਮਹੱਤਵਪੂਰਨ ਹੁਲਾਰਾ ਮਿਲੇਗਾ. ਰੇਲ ਯਾਤਰੀਆਂ ਦੀ ਸੁਰੱਖਿਆ ਦੇ ਮੁੱਦੇ 'ਤੇ, ਸ੍ਰੀ ਵੈਸ਼ਨਵ ਨੇ ਕਿਹਾ ਕਿ ਭਾਰਤੀ ਰੇਲਵੇ ਸੁਰੱਖਿਆ ਨਾਲ ਸਬੰਧਤ ਪ੍ਰੋਜੈਕਟਾਂ 'ਤੇ ਹਰ ਸਾਲ ਇੱਕ ਲੱਖ 30 ਹਜ਼ਾਰ ਕਰੋੜ ਤੋਂ ਵੱਧ ਖਰਚ ਕਰਦਾ ਏ । ਉਨ੍ਹਾਂ ਕਿਹਾ ਕਿ, ਸਰਕਾਰ ਦੀਆਂ ਲਗਾਤਾਰ ਕੋਸ਼ਿਸ਼ਾਂ ਕਾਰਨ, 2013-14 ਵਿੱਚ ਹਾਦਸਿਆਂ ਦੀ ਗਿਣਤੀ 170 ਪ੍ਰਤੀ ਸਾਲ ਤੋਂ ਘੱਟ ਕੇ ਹੁਣ 31 ਹੋ ਗਈ ਏ ।

------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਆਜ਼ਾਦੀ ਦਿਵਸ 'ਤੇ, ਲਾਲ ਕਿਲ੍ਹੇ ਦੀ ਫਸੀਲ ਤੋਂ, ਜੀਐਸਟੀ ਸੁਧਾਰਾਂ ਦੀ ਅਗਲੀ ਪੀੜ੍ਹੀ ਦਾ ਐਲਾਨ ਕੀਤਾ ਸੀ। ਉਨ੍ਹਾਂ ਦਾ ਇਹ ਸੁਪਨਾ ਇਸ ਮਹੀਨੇ ਦੀ 3 ਤਰੀਕ ਨੂੰ ਸਾਕਾਰ ਹੋਇਆ, ਜਦੋਂ ਜੀਐਸਟੀ ਕੌਂਸਲ ਨੇ ਨਾਗਰਿਕਾਂ ਦੇ ਜੀਵਨ ਨੂੰ ਸੌਖਾ ਬਣਾਉਣ ਲਈ ਕਈ ਖੇਤਰਾਂ ਵਿੱਚ ਟੈਕਸ ਦਰਾਂ ਨੂੰ ਘਟਾ ਦਿੱਤਾ। ਨਵੀਆਂ ਦਰਾਂ ਇਸ ਮਹੀਨੇ ਦੀ 22 ਤਰੀਕ ਤੋਂ ਲਾਗੂ ਹੋਣਗੀਆਂ। ਅੱਜ ਅਸੀਂ ਸਾਈਕਲ ਸਨਅਤ ਬਾਰੇ ਗੱਲ ਕਰਦੇ ਹਾਂ।

ਪੇਸ਼ ਏ ਇੱਕ ਰਿਪੋਰਟ :

ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ, ਸਰਕਾਰ ਨੇ ਸਾਈਕਲ ਸਨਅਤ ਨੂੰ ਮਹੱਤਵਪੂਰਨ ਰਾਹਤ ਦਿੱਤੀ ਏ, ਜਿਸਦਾ ਉਦੇਸ਼ ਆਮ ਆਦਮੀ ਲਈ ਚੁਗਿਰਦੇ ਪੱਖੀ TRANSPORT ਨੂੰ ਪਹੁੰਚਯੋਗ ਅਤੇ ਕਿਫਾਇਤੀ ਬਣਾਉਣਾ ਏ। ਕਿਫਾਇਤੀ, ਪਹੁੰਚਯੋਗਤਾ ਅਤੇ ਨਿਰੰਤਰ ਰਹਿਣਯੋਗ ਗਤੀਸ਼ੀਲਤਾ ਹੱਲਾਂ ਨੂੰ ਉਤਸ਼ਾਹਿਤ ਕਰਨ ਲਈ, ਸਾਈਕਲਾਂ 'ਤੇ GST ਨੂੰ 12 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰ ਦਿੱਤਾ ਗਿਆ ਏ। ਇਸੇ ਤਰ੍ਹਾਂ, ਸਾਈਕਲਾਂ ਦੇ ਪੁਰਜ਼ਿਆਂ 'ਤੇ ਵੀ GST ਨੂੰ 12 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰ ਦਿੱਤਾ ਗਿਆ ਏ।

ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ ਇਹ ਤਰਕਸੰਗਤੀਕਰਨ ਵਿਦਿਆਰਥੀਆਂ ਅਤੇ ਨੌਜਵਾਨ ਪੇਸ਼ੇਵਰਾਂ ਵਿੱਚ ਆਵਾਜਾਈ ਨੂੰ ਕਿਫਾਇਤੀ ਬਣਾਉਣ ਅਤੇ ਸਾਈਕਲ ਦੀ ਵਰਤੋਂ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਏ। ਇਸ ਕਦਮ ਨਾਲ ਉਤਪਾਦਨ ਦੇ ਨਾਲ-ਨਾਲ ਦੇਸ਼ ਦੀ ਆਰਥਿਕਤਾ ਨੂੰ ਹੁਲਾਰਾ ਮਿਲਣ ਦੀ ਉਮੀਦ ਏ।

ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮਈ ਕਾਜਲ

--------------------------------------------------------------------
ਪ੍ਰਧਾਨ ਮੰਤਰੀ ਦਫ਼ਤਰ ਵਿੱਚ ਕੇਂਦਰੀ ਰਾਜ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਕਿਹਾ ਕਿ ਕਠੂਆ ਜ਼ਿਲ੍ਹੇ ਵਿੱਚ ਉਝ ਦਰਿਆ ਬਹੁ-ਮੰਤਵੀ ਪ੍ਰੋਜੈਕਟ ਦੇ ਮੁੜ ਸੁਰਜੀਤ ਹੋਣ ਨਾਲ ਪੰਜਾਬ ਅਤੇ ਜੰਮੂ-ਕਸ਼ਮੀਰ ਨੂੰ ਕਈ ਤਰੀਕਿਆਂ ਨਾਲ ਲਾਭ ਹੋਵੇਗਾ ਜਿਸ ਵਿੱਚ ਸਰਹੱਦ ਪਾਰ ਤੋਂ ਘੁਸਪੈਠ ਨੂੰ ਰੋਕਣਾ ਵੀ ਸ਼ਾਮਲ ਏ । ਉਨ੍ਹਾਂ ਕਿਹਾ ਕਿ ਪ੍ਰੋਜੈਕਟ ਦੇ ਪੂਰਾ ਹੋਣ ਤੋਂ ਬਾਅਦ, ਇਹ ਸਿੰਧੂ ਜਲ ਸੰਧੀ ਮੁਤਾਬਿਕ ਭਾਰਤ ਨੂੰ ਅਲਾਟ ਕੀਤੇ ਗਏ ਰਾਵੀ, ਬਿਆਸ ਅਤੇ ਸਤਲੁਜ ਵਰਗੇ ਪੂਰਬੀ ਦਰਿਆਵਾਂ ਦੇ ਪਾਣੀ ਦੀ ਵਰਤੋਂ ਨੂੰ ਵਧਾਏਗਾ ਤਾਂ ਜੋ ਪਾਣੀ ਦੀ ਘਾਟ ਨੂੰ ਪੂਰਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬ ਦੇ ਗੁਰਦਾਸਪੁਰ ਅਤੇ ਪਠਾਨਕੋਟ ਤੇ ਜੰਮੂ-ਕਸ਼ਮੀਰ ਦੇ ਸਾਂਬਾ ਅਤੇ ਕਠੂਆ ਵਿੱਚ ਖੇਤੀਬਾੜੀ ਯੋਗ ਕਰੀਬ 90,ਹਜ਼ਾਰ ਹੈਕਟੇਅਰ ਜ਼ਮੀਨ ਦੀ ਸਿੰਚਾਈ ਦੀ ਸਹੂਲਤ ਮਿਲੇਗੀ। ਡਾ. ਸਿੰਘ ਨੇ ਕਿਹਾ ਕਿ ਇਸ ਸਮੇਂ, ਪਾਣੀ ਦਾ ਬੇਕਾਬੂ ਵਹਾਅ ਪੰਜਾਬ ਵਿੱਚ ਹਾਲ ਹੀ ਵਿੱਚ ਆਏ ਹੜ੍ਹਾਂ ਵਰਗੀਆਂ ਕੁਦਰਤੀ ਆਫ਼ਤਾਂ ਦੌਰਾਨ ਖੇਤੀਬਾੜੀ ਜ਼ਮੀਨ ਅਤੇ BSF ਅਦਾਰਿਆਂ ਨੂੰ ਨੁਕਸਾਨ ਪਹੁੰਚਾ ਰਿਹਾ ਏ । ਇਸ ਦੇ ਨਾਲ ਹੀ, ਇਹ ਘੁਸਪੈਠ ਲਈ ਜੋਖਮ ਵਾਲੀਆਂ ਥਾਵਾਂ ਵੀ ਬਣਾ ਰਿਹਾ ਏ ।ਮੰਤਰੀ ਪਠਾਨਕੋਟ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਆਪਣੇ ਦੌਰੇ ਦੇ ਦੂਜੇ ਦਿਨ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ।

ਉਨ੍ਹਾਂ ਨੇ ਪਠਾਨਕੋਟ ਦੇ ਕੁਝ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਅਤੇ ਹੜ੍ਹ ਪੀੜਤਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਘਰਾਂ ਅਤੇ ਦੁਕਾਨਾਂ ਨੂੰ ਹੋਏ ਨੁਕਸਾਨ ਲਈ ਮੁਆਵਜ਼ਾ ਦਿੱਤਾ ਜਾਵੇਗਾ.

--------------------------------------------------------------------

ਪੰਜਾਬ ਦੇ ਰਾਜਪਾਲ ਅਤੇ ਪੰਜਾਬ ਰੈੱਡ ਕਰਾਸ ਸੋਸਾਇਟੀ ਦੇ ਪ੍ਰਧਾਨ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਰਾਜ ਭਵਨ, ਚੰਡੀਗੜ੍ਹ ਤੋਂ 50 ਫੋਗਿੰਗ ਮਸ਼ੀਨਾਂ ਲੈ ਕੇ ਜਾਣ ਵਾਲੇ ਵਾਹਨਾਂ ਨੂੰ ਰਾਜ ਦੇ ਅੱਠ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਭੇਜਣ ਲਈ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਹੜ੍ਹ ਦਾ ਪਾਣੀ ਘਟਣ ਦੇ ਨਾਲ, ਕਈ ਪਿੰਡਾਂ ਵਿੱਚ ਪਾਣੀ ਖੜ੍ਹਾ ਰਹਿੰਦਾ ਏ, ਜਿਸ ਨਾਲ ਵੈਕਟਰ ਰਾਹੀਂ ਹੋਣ ਵਾਲੀਆਂ ਬੀਮਾਰਿਆਂ ਦਾ ਖ਼ਤਰਾ ਵਧਦਾ ਜਾ ਰਿਹਾ ਏ । ਮਹਾਂਮਾਰੀ ਦੇ ਕਿਸੇ ਵੀ ਪ੍ਰਕੋਪ ਨੂੰ ਰੋਕਣ ਲਈ, ਪੰਜਾਬ ਰੈੱਡ ਕਰਾਸ ਨੇ ਪ੍ਰਭਾਵਿਤ ਖੇਤਰਾਂ ਵਿੱਚ ਵਰਤੋਂ ਲਈ ਦਾਨ ਰਾਹੀਂ 9 ਲੱਖ ਰੁਪਏ ਦੀ ਲਾਗਤ ਵਾਲੀਆਂ 50 ਫੋਗਿੰਗ ਮਸ਼ੀਨਾਂ ਖਰੀਦੀਆਂ ਨੇ. ਇਹ ਮਸ਼ੀਨਾਂ ਜੋਖਮ ਵਾਲੇ ਇਲਾਕਿਆਂ ਵਿੱਚ ਜਨਤਕ ਸਿਹਤ ਦੀ ਰੱਖਿਆ ਦੇ ਉਦੇਸ਼ ਨਾਲ ਵਿਆਪਕ ਫੋਗਿੰਗ ਕਾਰਜਾਂ ਨੂੰ ਅੰਜਾਮ ਦੇਣ ਲਈ ਤਾਇਨਾਤ ਕੀਤੀਆਂ ਜਾਣਗੀਆਂ। ਇਸ ਮੌਕੇ, ਰਾਜਪਾਲ ਕਟਾਰੀਆ ਨੇ ਕਿਹਾ ਕਿ ਇਹ ਪਹਿਲ, ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਸਮੇਂ ਸਿਰ ਸਿਹਤ ਸੁਰੱਖਿਆ ਪ੍ਰਦਾਨ ਕਰੇਗੀ ਅਤੇ ਰਾਹਤ ਅਤੇ

ਮੁੜ੍ਹਵਸੇਬੇ ਦੇ ਉਪਾਵਾਂ ਵਿੱਚ ਤਾਲਮੇਲ ਵਾਲੀ ਕਾਰਵਾਈ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

-----------------------------------------------------------------

ਪੰਜਾਬ ਸਰਕਾਰ ਨੇ ਇੱਕ ਨੋਟੀਫਿਕੇਸ਼ਨ'ਚ ਕਿਹਾ ਏ ਕਿ ਹੜ੍ਹਾਂ ਕਾਰਨ ਆਏ ਪਾਣੀ ਦੌਰਾਨ ਜਿਹੜੇ ਖੇਤਾਂ ਵਿੱਚ ਗਾਰ,ਮਿੱਟੀ ਭਰ ਗਈ ਏ, ਉਸ ਨੂੰ 'ਜਿਸਦਾ ਖੇਤ, ਉਸ ਦੀ ਰੇਤ' ਤਹਿਤ ਕਿਸਾਨ ਆਪਣੇ ਪੱਧਰ 'ਤੇ ਮਿੱਟੀ ਨੂੰ ਹਟਾਕੇ ਅਗਲੀ ਰੁਤ ਦੀ ਆਪਣੀ ਫ਼ਸਲ ਨੂੰ ਬੀਜ ਸਕਦੇ ਨੇ । ਮਾਨਸਾ ਦੇ ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਇਸ ਸਬੰਧੀ ਜਾਰੀ ਨੋਟੀਫਿਕੇਸ਼ਨ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਮਾਈਨਜ਼ ਐਂਡ ਜਿਓਲੋਜੀ ਵਿਭਾਗ (ਪ੍ਰੋਜੈਕਟ ਸ਼ਾਖਾ) ਵੱਲੋਂ ਮਾਈਨਜ਼ ਐਂਡ ਮਿਨਰਲ (ਡਿਵੈਲਪਮੈਂਟ ਐਂਡ ਰੈਗੂਲੇਸ਼ਨ) ਐਕਟ 1957 ਦੇ ਉਪਬੰਦਾਂ ਵਿੱਚ ਢਿੱਲ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ ਇਸ ਢਿੱਲ ਤਹਿਤ ਇੱਕ ਮੁਸ਼ਤ ਰਾਹਤ ਵਜੋਂ 31 ਦਸੰਬਰ ਤੱਕ ਹੜ੍ਹਾਂ ਕਾਰਨ ਖੇਤਾਂ ਵਿੱਚ ਜਮ੍ਹਾਂ ਹੋਈ ਗਾਰ,ਰੇਤ ਅਤੇ ਦਰਿਆ ਨਾਲ ਆਏ ਖਣਿਜ ਪਦਾਰਥਾਂ ਨੂੰ ਕਿਸਾਨਾਂ ਵੱਲੋਂ ਹਟਾਉਣ ਅਤੇ ਚੁੱਕਣ ਦੀ ਪ੍ਰਵਾਨਗੀ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨ ਆਪਣੇ ਹੜ੍ਹ ਪ੍ਰਭਾਵਿਤ ਖੇਤਾਂ ਨੂੰ ਸਾਫ਼ ਕਰਦੇ ਹੋਏ ਅਗਲੇ ਬਿਜਾਈ ਸੀਜ਼ਨ ਲਈ ਤਿਆਰ ਕਰ ਸਕਦੇ ਨੇ. ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨ, ਖਾਣ ਅਤੇ ਭੂ-ਵਿਗਿਆਨ

ਵਿਭਾਗ ਤੋਂ ਬਿਨ੍ਹਾਂ ਕੋਈ ਪਰਮਿਟ ਜਾਂ NOC ਲਏ ਆਪਣੇ ਪੱਧਰ ’ਤੇ ਇਸਨੂੰ ਹਟਾ ਜਾਂ ਚੁੱਕ ਸਕਦੇ ਨੇ ।

---------------------------------------------------------------------

ਸਰਹੱਦੀ ਸੁਰੱਖਿਆ ਬਲ (BSF) ਨੇ ਇਸ ਸਾਲ ਦੌਰਾਨ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਸਭ ਤੋਂ ਵੱਡੀ ਖੇਪ ਜ਼ਬਤ ਕੀਤੀ ਏ। ਪੰਜਾਬ ਪੁਲਿਸ ਦੀ ਨਸ਼ੀਲੇ ਪਦਾਰਥਾਂ ਵਿਰੋਧੀ ਟਾਸਕ ਫੋਰਸ (ANTF) ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਬੀਤੀ ਰਾਤ ਅੰਮ੍ਰਿਤਸਰ ਦੇ ਪਿੰਡ ਬਹਿੜਵਾਲ ਨੇੜੇ ਇੱਕ ਨਾਰਕੋ-ਤਸਕਰ ਤੋਂ 25 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਵਾਲੇ 23 ਪੈਕੇਟ ਬਰਾਮਦ ਕੀਤੇ ਗਏ ਨੇ. ਉਸਦੇ ਕਬਜ਼ੇ ਵਿੱਚੋਂ ਇੱਕ ਪਿਸਤੌਲ ਵੀ ਜ਼ਬਤ ਕੀਤੀ ਗਈ ਏ। BSF ਹਲਕਿਆਂ ਨੇ ਦੱਸਿਆ ਕਿ ਸ਼ੱਕ ਏ ਕਿ ਇਸ ਨਸ਼ੀਲੇ ਪਦਾਰਥ ਨੂੰ ਸਰਹੱਦ ਪਾਰ ਤੋਂ ਡਰੋਨ ਰਾਹੀਂ ਸੁੱਟਿਆ ਗਿਆ ਏ। ਦੋਸ਼ੀ ਨੂੰ ਹੋਰ ਜਾਂਚ ਲਈ ANTF ਅੰਮ੍ਰਿਤਸਰ ਦੇ ਹਵਾਲੇ ਕਰ ਦਿੱਤਾ ਗਿਆ ਏ।

---------------------------------------------------------------------

ਭਾਰਤੀ ਰੇਲਵੇ, ਇੰਡੀਅਨ ਰੇਲਵੇਜ਼ ਕੈਟਰਿੰਗ ਐਂਡ ਟੂਰਿਜ਼ਮ ਕਾਰਪੋਰੇਸ਼ਨ (IRTCTC) ਦੀ Bharat Gaurav Train 'ਤੇ 4 ਜਯੋਤਿਰਲਿੰਗਾਂ ਅਤੇ ਸਟੈਚੂ ਆਫ਼ ਯੂਨਿਟੀ ਯਾਤਰਾ ਦਾ ਇੱਕ ਵਿਸ਼ੇਸ਼ ਪੈਕੇਜ ਸ਼ੁਰੂ ਕਰ ਰਿਹਾ ਏ। IRCTC, ਚੰਡੀਗੜ੍ਹ ਦੇ ਸੈਰਸਪਾਟੇ ਬਾਰੇ

ਜੁਆਇੰਟ ਜਨਰਲ ਮੈਨੇਜਰ, ਵਾਯੂ ਨੰਦਨ ਸ਼ੁਕਲਾ ਨੇ ਅੱਜ ਜਲੰਧਰ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਗੌਰਵ ਸਪੈਸ਼ਲ ਟੂਰਿਸਟ ਟ੍ਰੇਨ ਰਾਹੀਂ ਇਹ 9 ਦਿਨਾਂ ਦੀ ਯਾਤਰਾ 25 ਅਕਤੂਬਰ ਨੂੰ ਅੰਮ੍ਰਿਤਸਰ ਤੋਂ ਸ਼ੁਰੂ ਹੋਵੇਗੀ। ਇਹ ਵਿਲੱਖਣ ਯਾਤਰਾ ਅਧਿਆਤਮ ਨੂੰ ਦੇਸ਼ ਭਗਤੀ ਨਾਲ ਜੋੜਦੀ ਏ - BYTE: ਉਨ੍ਹਾਂ ਕਿਹਾ ਕਿ ਅੰਮ੍ਰਿਤਸਰ, ਜਲੰਧਰ ਸ਼ਹਿਰ, ਲੁਧਿਆਣਾ, ਚੰਡੀਗੜ੍ਹ, ਅੰਬਾਲਾ ਕੈਂਟ, ਕੁਰੂਕਸ਼ੇਤਰ, ਕਰਨਾਲ, ਪਾਣੀਪਤ, ਸੋਨੀਪਤ, ਦਿੱਲੀ ਕੈਂਟ ਅਤੇ ਰਿਵਾੜੀ ਤੋਂ ਗੱਡੀ ‘ਚ ਚੜਨ ਤੇ ਉਤਰਨ ਦੇ ਕਈ ਪੁਆਇੰਟ ਹੋਣਗੇ। ਇਹ ਟੂਰ 2 ਨਵੰਬਰ ਨੂੰ ਖਤਮ ਹੋਵੇਗਾ।

---------------------------------------------------------------------------

ਆਕਾਸ਼ਵਾਣੀ ਜਲੰਧਰ ਵੱਲੋਂ ਦੁਆਬਾ ਕਾਲਜ ਜਲੰਧਰ ਵਿਖੇ youth outreach initiative program ਵਿੱਚ ਐਕਸਟੈਂਪੋਰ ਕੰਪਟੀਸ਼ਨ ਵਿੱਚ ਲਗਭਗ 35 ਵਿਦਿਆਰਥੀਆਂ ਨੇ ਹਿੱਸਾ ਲਿਆ  ਤੇ ਦੇਵਸਿਆ ਵਰਮਾ ਇਸਦੇ ਜੇਤੂ ਬਣੇ.  ਆਕਸਵਾਣੀ ਵੱਲੋਂ ਪ੍ਰਤਿਸ਼ਠਾ ਜੈਨ ਤੇ ਪੂਨਮ ਤੇ ਦੁਆਬਾ ਕੋਲੇਜ ਵਲੋਂ ਡਾ. ਸਿਮਰਨ ਸਿੱਧੂ ਤੇ ਡਾ. ਪ੍ਰਿਆ ਚੋਪੜਾ ਨੇ ਸੁਚਾਰੂ ਢੰਗ ਨਾਲ ਇਸਦਾ ਸੰਚਾਲਨ ਕੀਤਾ.

ਜੇਤੂ ਨੂੰ ਯੁਵਵਾਨੀ ਪ੍ਰੋਗਰਾਮ ਵਿੱਚ ਹਿੱਸਾ ਲੈਣ ਦਾ ਮੌਕਾ ਮਿਲੇਗਾ ਤੇ ਆਕਾਸ਼ਵਾਣੀ ਵੱਲੋਂ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਜਾਵੇਗਾ।

---------------------------------------------------------------

- ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਆਮਦਨ ਟੈਕਸ ਕਾਨੂੰਨ ਅਤੇ ਵਸਤੂ ਤੇ ਸੇਵਾ ਟੈਕਸ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਗਏ ਨੇ.
- PMO'ਚ ਕੇਂਦਰੀ ਰਾਜ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਕਿਹੈ ਕਿ ਉਝ ਦਰਿਆ ਬਹੁ-ਮੰਤਵੀ ਪ੍ਰੋਜੈਕਟ ਦੀ ਮੁੜ ਸੁਰਜੀਤੀ ਪੰਜਾਬ ਤੇ ਜੰਮੂ-ਕਸ਼ਮੀਰ ਲਈ ਲਾਭਦਾਇਕ ਹੋਏਗੀ ।
- ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਤੋਂ 50 ਫੋਗਿੰਗ ਮਸ਼ੀਨਾਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਲਈ ਰਵਾਨਾ ਕੀਤਾ।
- ਪੰਜਾਬ ਸਰਕਾਰ ਨੇ ਇੱਕ ਨੋਟੀਫਿਕੇਸ਼ਨ'ਚ ਕਿਹਾ ਏ ਕਿ ਹੜ੍ਹਾਂ ਕਾਰਨ ਖੇਤਾਂ ਵਿੱਚ ਆਏ ਗਾਰ ਤੇ ਰੇਤ ਨੂੰ ਕਿਸਾਨ, 'ਜਿਸਦਾ ਖੇਤ, ਉਸ ਦੀ ਰੇਤ' ਤਹਿਤ ਹਟਾ ਸਕਦੇ ਨੇ ।
- BSF ਅਤੇ ਪੰਜਾਬ ਪੁਲਿਸ ਦੀ ਨਸ਼ੀਲੇ ਪਦਾਰਥਾਂ ਵਿਰੋਧੀ ਟਾਸਕ ਫੋਰਸ ਨੇ ਸਾਂਝੇ ਆਪ੍ਰੇਸ਼ਨ ਵਿੱਚ, ਇਸ ਸਾਲ ਦੌਰਾਨ ਪੰਜਾਬ ਵਿੱਚ ਨਸ਼ੀ

-----------------------------------------------------------------------

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !